Vigilance Bureau Punjab

**VIGILANCE NABS ASI FOR TAKING BRIBE**

Chandigarh, December 20: State Vigilance Bureau, today nabbed Assistant Sub Inspector (ASI) red handed while accepting bribe of Rs 10,000/-.

Disclosing this here an official spokesperson of the Vigilance Bureau said ASI Hardev Singh posted at police station Shimlapuri in Ludhiana district was nabbed red handed on the complaint of Bhan Singh of Gobind Nagar, Ludhiana district. The Complainant has approached the VB and alleged that the accused ASI was demanding Rs 10,000 to help his son in a dispute case.

After verifying his information, the Vigilance team laid a trap and the accused ASI was arrested on the spot taking bribe of Rs. 10,000 from the complainant in the presence of two official witnesses. He informed that a case under Prevention of Corruption Act has been registered against him at VB police station Ludhiana and further investigation was under progress.

---------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 20 ਦਸੰਬਰ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਸ਼ਿਮਾਲਾਪੁਰੀ, ਲੁਧਿਆਣਾ ਵਿਖੇ ਤਾਇਨਾਤ ਏ.ਐਸ.ਆਈ. ਹਰਦੇਵ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਭਾਨ ਸਿੰਘ ਵਾਸੀ ਗੋਬਿੰਦ ਕਲੋਨੀ, ਲੁਧਿਆਣਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਦੇ ਲੜਕੇ ਜੋ ਕਿ ਇਕ ਲੜਾਈ ਝਗੜੇ ਦੇ ਕੇਸ ਵਿਚ ਰਿਮਾਂਡ ’ਤੇ ਹੈ, ਨਾਲ ਨਰਮੀ ਵਰਤਣ ਅਤੇ ਉਸ ਦੀ ਇਸ ਕੇਸ ਵਿਚ ਮਦਦ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।